# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :01-06-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।

- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਵਲੋਂ ਅੱਜ ਦੇਸ਼ ਵਿਆਪੀ "ਖੇਤ ਬਚਾਓ ਮੁਹਿੰਮ" ਦੀ ਸ਼ੁਰੂਆਤ।
- ਪੰਜਾਬ ਮੰਤਰੀਮੰਡਲ ਵਲੋਂ ਆਉਂਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸੂਬੇ ਦੀ ਚੋਣ ਮਸ਼ੀਨਰੀ ਨੂੰ ਮਜ਼ਬੂਤ ਕਰਨ ਲਈ ਚੋਣ ਵਿਭਾਗ ਦੇ ਸੇਵਾ ਨੇਮਾਂ ਵਿੱਚ ਸੋਧ ਨੂੰ ਮਨਜ਼ੂਰੀ।
- ਪੰਜਾਬ ਪੁਲਿਸ ਮੁਖੀ ਵਲੋਂ ਸਾਰੀਆਂ ਫੀਲਡ ਯੂਨਿਟਾਂ ਨੂੰ ਸੁਰੱਖਿਅਤ ਮਾਹੌਲ ਯਕੀਨੀ ਬਣਾਉਣ ਲਈ ਕਦਮ ਉਠਾਉਣ ਦੇ ਨਿਰਦੇਸ਼.
- ਪੰਜਾਬ ਨੇ ਮਈ 2026 ਦੌਰਾਨ ਜੀ.ਐਸ.ਟੀ ਸੰਗ੍ਰਹਿ ਵਿੱਚ 14.59 ਫੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ.

- ਮੌਸਮ ਵਿਭਾਗ ਵਲੋਂ 4 ਜੂਨ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿਚ ਕਈ ਥਾਵਾਂ ਤੇ ਹਲਕੀ ਬਾਰਿਸ਼ ਤੇ  ਤੇਜ਼ ਹਵਾਵਾਂ ਚੱਲਣ ਦੀ ਪੇਸ਼ੀਨਗੋਈ ।

**ਹੁਣ ਖ਼ਬਰਾਂ ਵਿਸਥਾਰ ਨਾਲ**

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਮੱਧ ਪ੍ਰਦੇਸ਼ ਦੇ ਰਾਯਸੇਨ ਜ਼ਿਲ੍ਹੇ ਦੇ ਰਾਮਸਿਯਾ ਪਿੰਡ ਤੋਂ ਦੇਸ਼ ਵਿਆਪੀ "ਖੇਤ ਬਚਾਓ ਮੁਹਿੰਮ" ਦੀ ਸ਼ੁਰੂਆਤ ਕੀਤੀ । ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਇਹ ਮੁਹਿੰਮ ਇੱਕ ਮਹੀਨੇ ਤੱਕ ਚੱਲੇਗੀ। ਇੱਕ ਮਹੀਨੇ ਤਕ ਚਲਣ ਵਾਲੀ ਮੁਹਿੰਮ ਦੇਸ਼ ਦੀ ਖੇਤੀਬਾੜੀ ਜ਼ਮੀਨ ਨੂੰ ਬਚਾਉਣ ਅਤੇ ਕਿਸਾਨਾਂ ਨੂੰ ਵਿਗਿਆਨਕ ਖੇਤੀ ਬਾਰੇ ਜਾਗਰੂਕ ਕਰਨ ਲਈ ਇੱਕ ਵੱਡੀ ਪਹਿਲ ਏ । ਸਮਾਗਮ ਵਿੱਚ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਚੌਹਾਨ ਨੇ ਕਿਹਾ-

byte

ਖੇਤੀਬਾੜੀ ਯੂਨੀਵਰਸਿਟੀਆਂ, ਭਾਰਤੀ ਖੇਤੀਬਾੜੀ ਖੋਜ ਕੌਂਸਲ , ਕ੍ਰਿਸ਼ੀ ਵਿਗਿਆਨ ਕੇਂਦਰ , ਅਤੇ ਜਨਤਕ ਪ੍ਰਤੀਨਿਧੀ ਇਸ ਮੁਹਿੰਮ ਵਿੱਚ ਹਿੱਸਾ ਲੈ ਰਹੇ ਨੇ. ਮੁਹਿੰਮ ਤਹਿਤ, ਕਿਸਾਨਾਂ ਨੂੰ ਮਿੱਟੀ ਦੀ ਪਰਖ, ਮਿੱਟੀ ਸਿਹਤ ਕਾਰਡ, ਕੁਦਰਤੀ ਖੇਤੀ, ਸੰਤੁਲਿਤ ਖਾਦ ਦੀ ਵਰਤੋਂ ਅਤੇ ਪਾਣੀ ਸੰਭਾਲ ਵਰਗੇ ਵਿਸ਼ਿਆਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਜਾਵੇਗੀ । ਮੁਹਿੰਮ ਦੌਰਾਨ, ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ (PM-

KISAN), ਫਸਲ ਬੀਮਾ ਯੋਜਨਾ, ਅਤੇ ਕਿਸਾਨ ਕ੍ਰੈਡਿਟ ਕਾਰਡ ਵਰਗੀਆਂ ਸਰਕਾਰੀ ਯੋਜਨਾਵਾਂ ਦੇ ਲਾਭ ਵੀ ਕਿਸਾਨਾਂ ਨੂੰ ਉਪਲਬਧ ਕਰਵਾਏ ਜਾਣਗੇ।

-----------------------------------------------------

ਪੰਜਾਬ ਮੰਤਰੀਮੰਡਲ ਨੇ ਅੱਜ ਅਹਿਮ ਫੈਸਲਾ ਲੈਂਦਿਆਂ ਆਉਂਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸੂਬੇ ਦੀ ਚੋਣ ਮਸ਼ੀਨਰੀ ਨੂੰ ਮਜ਼ਬੂਤ ਕਰਨ ਲਈ ਚੋਣ ਵਿਭਾਗ ਦੇ ਸੇਵਾ ਨੇਮਾਂ ਵਿੱਚ ਸੋਧ ਨੂੰ ਮਨਜ਼ੂਰੀ ਦੇ ਦਿੱਤੀ ਏ । ਇਸ ਫੈਸਲੇ ਨਾਲ ਲੰਮੇ ਸਮੇਂ ਤੋਂ ਚਲੀਆਂ ਆ ਰਹੀਆਂ ਪ੍ਰਸ਼ਾਸਨਿਕ ਰੁਕਾਵਟਾਂ ਦੂਰ ਹੋਣਗੀਆਂ, ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ SIR ਨੂੰ ਸੁਚਾਰੂ ਅਤੇ ਨਿਰਵਿਘਨ ਤਰੀਕੇ ਨਾਲ ਨੇਪਰੇ ਚਾੜ੍ਹਨ ਵਿੱਚ ਮਦਦ ਮਿਲੇਗੀ ਅਤੇ ਚੋਣਾਂ ਨਾਲ ਸਬੰਧਤ ਕਾਰਜਾਂ ਲਈ ਲੋੜੀਂਦਾ ਸਟਾਫ਼ ਯਕੀਨੀ ਬਣਾਉਣ ਲਈ ਖਾਲੀ ਪਈਆਂ ਮਹੱਤਵਪੂਰਨ ਅਸਾਮੀਆਂ ਨੂੰ ਭਰਨ ਲਈ ਰਾਹ ਪੱਧਰਾ ਹੋਵੇਗਾ। ਇਹ ਫੈਸਲੇ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਏ ਗਏ। ਇਹ ਸੋਧ ਵਿਭਾਗ ਵਿੱਚ ਚੋਣ ਤਹਿਸੀਲਦਾਰ ਦੀਆਂ 7 ਖਾਲੀ ਅਸਾਮੀਆਂ ਹੋਣ ਕਾਰਨ ਜ਼ਰੂਰੀ ਹੋ ਗਈ ਸੀ। ਇਸ ਦੌਰਾਨ ਮੰਤਰੀ ਮੰਡਲ ਨੇ ਸਾਲ 2025-26 ਲਈ ਜਲ ਸਰੋਤ ਵਿਭਾਗ ਦੀ ਸਾਲਾਨਾ ਪ੍ਰਸ਼ਾਸਨਿਕ ਰਿਪੋਰਟ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ । ਇਸ

ਰਿਪੋਰਟ ਦੀ ਪ੍ਰਵਾਨਗੀ ਨਾਲ ਮਾਲੀ ਸਾਲ ਦੌਰਾਨ ਵਿਭਾਗ ਦੇ ਪ੍ਰਸ਼ਾਸਨਿਕ ਕੰਮਕਾਜ ਅਤੇ ਪ੍ਰਾਪਤੀਆਂ ਦੇ ਦਸਤਾਵੇਜ਼ੀਕਰਨ ਅਤੇ ਸਮੀਖਿਆ ਕਰਨ ਵਿੱਚ ਮਦਦ ਮਿਲੇਗੀ।

-----------------------------------------------------------

ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ), ਗੌਰਵ ਯਾਦਵ ਨੇ ਅੱਜ ਸਾਰੀਆਂ ਫੀਲਡ ਯੂਨਿਟਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸੁਰੱਖਿਅਤ ਮਾਹੌਲ ਯਕੀਨੀ ਬਣਾਉਣ ਅਤੇ ਜਨਤਾ ਦੇ ਵਿਸ਼ਵਾਸ ਨੂੰ ਵਧਾਉਣ ਲਈ ਰਣਨੀਤਕ ਨਾਕਿਆਂ, ਮੋਬਾਈਲ ਗਸ਼ਤ, ਵਾਹਨ ਜਾਂਚ ਅਤੇ ਖੇਤਰ’ਚ ਪ੍ਰਭਾਵਸ਼ਾਲੀ ਦਬਦਬੇ ਰਾਹੀਂ ਪੁਲਿਸ ਦੀ ਮੌਜੂਦਗੀ ਅਤੇ ਪੁਲਿਸ ਗਸ਼ਤ ਨੂੰ ਮਜ਼ਬੂਤ ਕਰਨ। ਉਹ ਚੰਡੀਗੜ੍ਹ ‘ਚ ਆਪਣੇ ਦਫ਼ਤਰ ਵਿਖੇ ਸੀਨੀਅਰ ਪੁਲਿਸ ਅਧਿਕਾਰੀਆਂ, ਰੇਂਜ ਆਈ  ਜੀ ਪੀ,ਡੀ ਆਈ ਜੀ, ਸਾਰੇ ਪੁਲਿਸ ਕਮਿਸ਼ਨਰਾਂ ਅਤੇ ਸਾਰੇ ਸੀਨੀਅਰ ਪੁਲਿਸ ਸੁਪਰਡੈਂਟਾਂ ਨਾਲ ਵਰਚੁਅਲ ਮੋਡ ਵਿੱਚ ਰਾਜ ਪੱਧਰੀ ਅਮਨ – ਕਨੂੰਨ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ. ਵਿਚਾਰ-ਵਟਾਂਦਰੇ ਦਾ ਮੁੱਖ ਕੇਂਦਰ ਪੰਜਾਬ ਸਰਕਾਰ ਦੀਆਂ ਮੁੱਖ ਪੁਲਿਸਿੰਗ ਤਰਜੀਹਾਂ 'ਤੇ ਜ਼ੋਰ ਦੇਣਾ, ਅਪਰਾਧ ਸਥਿਤੀ ਦੀ ਸਮੀਖਿਆ ਕਰਨਾ ਅਤੇ ਰਾਜ ਭਰ ਵਿੱਚ ਖੇਤਰਾਂ ‘ਚ ਦਬਦਬਾ ਵਧਾਉਣਾ ਸੀ। ਮੀਟਿੰਗ ਦੌਰਾਨ, ਡੀਜੀਪੀ ਨੇ ਪੰਜਾਬ ਸਰਕਾਰ ਦੀਆਂ ਦੋ ਪ੍ਰਮੁੱਖ ਪਹਿਲਕਦਮੀਆਂ - 'ਯੁੱਧ ਨਸ਼ਿਆ

ਵਿਰੁੱਧ' ਅਤੇ 'ਗੈਂਗਸਟਰਾਂ ਤੇ ਵਾਰ' ਦੀ ਪ੍ਰਗਤੀ ਦੀ ਵਿਆਪਕ ਸਮੀਖਿਆ ਵੀ ਕੀਤੀ। ਉਨ੍ਹਾਂ ਕਿਹਾ ਕਿ ਪੁਲਿਸ ਗੈਰ-ਕਾਨੂੰਨੀ ਹਵਾਲਾ ਸੰਚਾਲਕਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਕੇ ਨਸ਼ੀਲੇ ਪਦਾਰਥਾਂ ਦੇ ਵਪਾਰ ਦੀ ਪੈਸੇ ਦੀ ਸਪਲਾਈ ਨੂੰ ਰੋਕਣ 'ਤੇ ਧਿਆਨ ਕੇਂਦਰਤ ਕਰ ਰਹੀ ਏ

byte

-----------------------------------------------------

ਓਧਰ ਅੰਮ੍ਰਿਤਸਰ ਦੇ ਵਿਧਾਨ ਸਭਾ ਹਲਕੇ, ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਨੇੜੇ ਅੱਜ ਇਕ ਸਰਕਾਰੀ ਅਧਿਆਪਕ ਦਾ ਕੁਝ  ਅਣਪਛਾਤੇ ਹਮਲਾਵਰਾਂ ਨੇ ਕਤਲ ਕਰ ਦਿੱਤਾ । ਮ੍ਰਿਤਕ ਦੀ ਪਛਾਣ ਜਗਦੀਪ ਸਿੰਘ ਵਜੋਂ ਹੋਈ ਏ, ਜੋ ਪਿੰਡ ਤਲਵੰਡੀ ਨੇੜੇ ਮਾਲੋਵਾਲ ਦਾ ਰਹਿਣ ਵਾਲਾ ਸੀ.ਓਹ ਆਪਣੀ ਧੀ ਨੂੰ ਟਿਊਸ਼ਨ ਛੱਡਣ ਲਈ ਜਾ ਰਹੇ ਸਨ ਜਦੋਂ ਓਹਨਾਂ ‘ਤੇ ਹਮਲਾ ਹੋਇਆ. ਪੁਲਿਸ ਨੇ ਮੌਕੇ ’ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਏ. ਡੀ ਐਸ ਪੀ ਬਲਜੀਤ ਸਿੰਘ ਨੇ ਦੱਸਿਆ ਕਿ ਜਲਦ ਹੀ ਹਮਲਾਵਰਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਕਾਬੂ ਕਰ ਲਿਆ ਜਾਵੇਗਾ।

-----------------------------------------------------

ਸਰੋਤਿਆਂ ਨੂੰ ਸੂਚਿਤ ਕੀਤਾ ਜਾਂਦਾ ਏ ਕਿ, ਆਕਾਸ਼ਵਾਣੀ ਦਾ ਸ਼ਾਮੀਂ ਸਾਢੇ 7 ਵਜੇ ਤੋਂ 7 ਵੱਜ ਕੇ 40 ਮਿੰਟ ਤੱਕ ਪ੍ਰਸਾਰਿਤ ਹੋਣ ਵਾਲਾ ਖਬਰਾਂ ਦਾ

ਰਾਸ਼ਟਰੀ ਬੁਲੇਟਿਨ, ਅੱਜ ਪਹਿਲੀ ਜੂਨ, 2026 ਤੋਂ 21 ਜੂਨ, 2026 ਤੱਕ ਸ਼ਾਮੀਂ 7 ਵਜੇ ਤੋਂ 7 ਵੱਜ ਕੇ 10 ਮਿੰਟ ਤੱਕ ਪ੍ਰਸਾਰਿਤ ਕੀਤਾ ਜਾਵੇਗਾ।

---------------------------------------------------------

ਅੱਜ ਮਜੀਠਾ ਥਾਣੇ ਵਿੱਚ ਪੁਲਿਸ ਹਿਰਾਸਤ ਦੌਰਾਨ ਵਾਪਰੀ ਇੱਕ ਘਟਨਾ ਨੂੰ ਲੈ ਕੇ ਵਿਵਾਦ ਹੋਰ ਗਹਿਰਾ ਹੋ ਗਿਆ ਏ । ਅੰਮ੍ਰਿਤਸਰ ਐਸ ਐਸ ਪੀ ਦਿਹਾਤੀ, ਸੁਹੇਲ ਮੀਰ ਕਾਸਿਮ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦਾਅਵਾ ਕੀਤਾ ਕਿ ਮਜੀਠਾ ਥਾਣੇ ਵਿੱਚ ਕਾਨੂੰਨੀ ਹਿਰਾਸਤ ਵਿੱਚ ਰੱਖੇ ਗਏ ਮੁਲਜ਼ਮ ਜੋਬਨਪ੍ਰੀਤ ਸਿੰਘ ਨੂੰ ਛੁਡਾਉਣ ਲਈ ਇੱਕ ਸੋਚੀ-ਸਮਝੀ ਸਾਜ਼ਿਸ਼ ਤਹਿਤ ਭੀੜ ਨੇ ਥਾਣੇ ਵਿੱਚ ਜ਼ਬਰਦਸਤੀ ਦਾਖਲ ਹੋ ਕੇ ਪੁਲਿਸ ਕਾਰਵਾਈ ਵਿੱਚ ਰੁਕਾਵਟ ਪਾਈ। ਐਸ ਐਸ ਪੀ ਨੇ ਦੱਸਿਆ ਕਿ 30 ਮਈ ਨੂੰ ਇੱਕ ਮਾਮਲੇ ਵਿੱਚ ਜੋਬਨਪ੍ਰੀਤ ਸਿੰਘ ਨੂੰ ਮਜੀਠਾ ਪੁਲਿਸ ਨੇ ਕਾਨੂੰਨੀ ਤੌਰ ’ਤੇ ਗ੍ਰਿਫ਼ਤਾਰ ਕੀਤਾ ਸੀ। ਉਸ ਤੋਂ ਪੁੱਛਗਿੱਛ ਦੌਰਾਨ ਅੱਜ ਸਵੇਰੇ ਕਰੀਬ ਸਾਢੇ ਦੱਸ ਵਜੇ ਥਾਣੇ ਦੇ ਬਾਹਰ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋਏ ਜਿਸ ਵਿਚ ਮਜੀਠਾ ਤੋਂ ਸਾਬਕਾ ਵਿਧਾਇਕ ਬਿਕਰਮ ਸਿੰਘ ਮਜੀਠੀਆ ਵੀ ਮੌਜੂਦ ਸਨ ਅਤੇ ਭੀੜ ਨੇ ਪੁਲਿਸ ਮੁਲਾਜ਼ਮਾਂ ਨੂੰ ਧੱਕਾ ਦੇ ਕੇ ਥਾਣੇ ਅੰਦਰ ਦਾਖਲ ਹੋਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਇਲ੍ਜ਼ਾਮ ਲਾਇਆ ਕਿ ਇਸ ਭੀੜ ਦਾ ਮੁੱਖ ਮਕਸਦ

ਪੁਲਿਸ ਹਿਰਾਸਤ ਵਿੱਚ ਮੌਜੂਦ ਮੁਲਜ਼ਮ ਨੂੰ ਛੁਡਾਉਣਾ ਸੀ। ਉਨ੍ਹਾਂ ਦੱਸਿਆ ਕਿ ਪੁਲਿਸ ਮੁਲਾਜ਼ਮਾਂ ਨੇ ਸੂਝਬੂਝ ਅਤੇ ਬਹਾਦਰੀ ਨਾਲ ਸਥਿਤੀ ਨੂੰ ਕਾਬੂ ਕੀਤਾ ਅਤੇ ਮੁਲਜ਼ਮ ਨੂੰ ਮੁੜ ਪੁਲਿਸ ਹਿਰਾਸਤ ਵਿੱਚ ਲਿਆ ਗਿਆ। ਘਟਨਾ ਨੂੰ ਗੰਭੀਰਤਾ ਨਾਲ ਲੈਂਦਿਆਂ ਪੁਲਿਸ ਵੱਲੋਂ ਇੱਕ ਵਿਸ਼ੇਸ਼ ਜਾਂਚ ਟੀਮ (ਐਸ ਆਈ ਟੀ) ਦਾ ਗਠਨ ਕਿਆ ਏ । ਐਸ ਐਸ ਪੀ ਸੁਹੇਲ ਮੀਰ ਕਾਸਿਮ ਨੇ ਕਿਹਾ ਕਿ ਕਾਨੂੰਨ ਸਭ ਲਈ ਬਰਾਬਰ ਏ ਅਤੇ ਕੋਈ ਵੀ ਵਿਅਕਤੀ ਕਾਨੂੰਨ ਤੋਂ ਉੱਪਰ ਨਹੀਂ-

Byte

ਇਸ ਦੌਰਾਨ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ SP ਪੁਲਿਸ, ਆਦਿਤਯ ਵਾਰੀਅਰ ਦੀ ਅਗਵਾਈ ‘ਚ ਸਾਬਕਾ ਵਿਧਾਇਕ ਮਜੀਠੀਆ ਦੇ ਘਰ ‘ਤੇ ਵੀ ਛਾਪਾ ਮਾਰਿਆ।

---------------------------------------------------

ਸੂਬੇ ਦੇ ਟੈਕਸ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਐਲਾਨ ਕੀਤਾ ਏ ਕਿ ਸੂਬੇ ਨੇ ਮਈ 2026 ਦੌਰਾਨ ਵਸਤੂ ਤੇ ਸੇਵਾ ਟੈਕਸ (ਜੀ.ਐਸ.ਟੀ) ਸੰਗ੍ਰਹਿ ਵਿੱਚ 14.59 ਫੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਏ। ਖਜ਼ਾਨਾ ਮੰਤਰੀ ਨੇ ਦੱਸਿਆ ਕਿ, "ਇਸ ਮਹੀਨੇ ਦੀ ਕੁੱਲ ਜੀ.ਐੱਸ.ਟੀ. ਵਸੂਲੀ 2 ਹਜ਼ਾਰ 400.52 ਕਰੋੜ ਰੁਪਏ ਤੱਕ ਪਹੁੰਚ ਗਈ ਏ , ਜੋ ਕਿ ਮਈ 2025 ਦੌਰਾਨ ਹਾਸਿਲ ਕੀਤੇ ਗਏ 2

ਹਜ਼ਾਰ 94.81 ਕਰੋੜ ਰੁਪਏ ਦੇ ਮੁਕਾਬਲੇ 305.71 ਕਰੋੜ ਰੁਪਏ ਦਾ ਵੱਡਾ ਵਾਧਾ ਦਰਸਾਉਂਦੀ ਏ ।ਖਜ਼ਾਨਾ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਸ਼ਾਨਦਾਰ ਵਾਧਾ ਨਿਰੰਤਰ ਆਰਥਿਕ ਗਤੀਵਿਧੀਆਂ, ਬਿਹਤਰ ਟੈਕਸ ਪਾਲਣਾ, ਅਤੇ ਆਬਕਾਰੀ ਤੇ ਕਰ ਵਿਭਾਗ ਵੱਲੋਂ ਇਨਫੋਰਸਮੈਂਟ ਉਪਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦਾ ਨਤੀਜਾ ਏ । ਇੱਕ ਪ੍ਰੈਸ ਬਿਆਨ ਵਿੱਚ ਇਸ ਦਾ ਖੁਲਾਸਾ ਕਰਦਿਆਂ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪੰਜਾਬ ਦੀ ਜੀ.ਐੱਸ.ਟੀ. ਕਾਰਗੁਜ਼ਾਰੀ ਕੌਮੀ ਰੁਝਾਨਾਂ ਦੇ ਮੁਕਾਬਲੇ ਬੇਹੱਦ ਸ਼ਾਨਦਾਰ ਰਹੀ ਏ, ਜੋ ਕਿ ਪਿਛਲੇ ਸਾਲ ਦੇ ਇਸੇ ਮਹੀਨੇ ਦੇ ਮੁਕਾਬਲੇ ਦੇਸ਼ ਦੇ ਕੁੱਲ ਜੀ.ਐੱਸ.ਟੀ. ਮਾਲੀਏ ਦੇ ਲਗਭਗ 3.2 ਫੀਸਦੀ ਦੇ ਵਾਧੇ ਨਾਲੋਂ ਕਿਤੇ ਜ਼ਿਆਦਾ ਏ । ਇਨਫੋਰਸਮੈਂਟ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੰਦਿਆਂ ਮੰਤਰੀ ਨੇ ਕਿਹਾ ਕਿ, "ਪੂਰੇ ਪੰਜਾਬ ਵਿੱਚ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟਸ (ਸਿਪੂ) ਨੇ ਸਿਰਫ਼ ਮਈ 2026 ਦੌਰਾਨ 182.69 ਕਰੋੜ ਰੁਪਏ ਦਾ ਜੁਰਮਾਨਾ ਲਾ ਕੇ ਅਤੇ 178.76 ਕਰੋੜ ਰੁਪਏ ਦੀ ਵਸੂਲੀ ਕਰਕੇ ਸ਼ਾਨਦਾਰ ਨਤੀਜੇ ਦਿੱਤੇ ਨੇ. ਟੈਕਸ ਚੋਰੀ ਦੇ ਖਿਲਾਫ ਇੱਕ ਵੱਡੀ ਸਫਲਤਾ ਦਾ ਖੁਲਾਸਾ ਕਰਦਿਆਂ ਓਹਨਾਂ ਦੱਸਿਆ ਕਿ "ਪੰਜਾਬ ਕਰ ਵਿਭਾਗ ਨੇ ਮਈ 2026 ਦੌਰਾਨ 85.4 ਕਰੋੜ ਰੁਪਏ ਦੇ ਫਰਜ਼ੀ ਬਿਲਿੰਗ ਰੈਕੇਟ ਦਾ ਸਫਲਤਾ ਨਾਲ ਪਰਦਾਫਾਸ਼

ਕੀਤਾ ਅਤੇ ਲੁਧਿਆਣਾ ਦੀ ਇੱਕ ਫਰਮ ਦੇ ਡਾਇਰੈਕਟਰ ਨੂੰ ਬੋਗਸ ਲੈਣ-ਦੇਣ ਰਾਹੀਂ 15.56 ਕਰੋੜ ਰੁਪਏ ਦਾ ਫਰਜ਼ੀ ਇਨਪੁਟ ਟੈਕਸ ਕ੍ਰੈਡਿਟ (ਆਈ.ਟੀ.ਸੀ) ਲੈਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਏ ।" ਖਜ਼ਾਨਾ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਆਬਕਾਰੀ ਤੇ ਕਰ ਵਿਭਾਗ ਸਹਾਇਤਾ, ਸਖ਼ਤ ਨਿਗਰਾਨੀ ਅਤੇ ਬਿਨਾਂ ਕਿਸੇ ਸਮਝੌਤੇ ਦੇ ਇਨਫੋਰਸਮੈਂਟ ਦੇ ਸੰਤੁਲਿਤ ਤਰੀਕੇ ਨਾਲ ਅਸਲ ਟੈਕਸਦਾਤਾਵਾਂ ਦੇ ਹਿੱਤਾਂ ਦੀ ਰੱਖਿਆ ਕਰਨ ਲਈ ਵਚਨਬਧ ਏ.

-----------------------------------------------------

ਪੰਜਾਬ ਹਰਿਆਣਾ ਅਤੇ ਚੰਡੀਗੜ ਵਿਚ ਬੀਤੇ 2-3 ਦਿਨ ਤੋਂ ਹੋਈ ਹਲਕੀ ਤੋਂ ਦਰਮਿਆਨੀ ਬਾਰਿਸ਼ ਅਤੇ ਤੇਜ਼ ਹਵਾਵਾਂ ਨਾਲ ਮੌਸਮ ਵਿਚ ਵੱਧ ਤੋਂ ਵੱਧ ਤਾਪਮਾਨ ਵਿਚ 4 ਤੋਂ 9 ਡਿਗਰੀ ਸੈਲਸੀਅਸ ਤੱਕ ਦੀ ਗਿਰਾਵਟ ਦਰਜ ਕੀਤੀ ਗਈ ਏ।

-----------------------------------------------------

- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਵਲੋਂ ਅੱਜ ਦੇਸ਼ ਵਿਆਪੀ "ਖੇਤ ਬਚਾਓ ਮੁਹਿੰਮ" ਦੀ ਸ਼ੁਰੂਆਤ ।
- ਪੰਜਾਬ ਮੰਤਰੀਮੰਡਲ ਵਲੋਂ ਆਉਂਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸੂਬੇ ਦੀ ਚੋਣ ਮਸ਼ੀਨਰੀ ਨੂੰ ਮਜ਼ਬੂਤ ਕਰਨ ਲਈ ਚੋਣ ਵਿਭਾਗ ਦੇ ਸੇਵਾ ਨੇਮਾਂ ਵਿੱਚ ਸੋਧ ਨੂੰ ਮਨਜ਼ੂਰੀ ।

- ਪੰਜਾਬ ਪੁਲਿਸ ਮੁਖੀ ਵਲੋਂ ਸਾਰੀਆਂ ਫੀਲਡ ਯੂਨਿਟਾਂ ਨੂੰ ਸੁਰੱਖਿਅਤ ਮਾਹੌਲ ਯਕੀਨੀ ਬਣਾਉਣ ਲਈ ਕਦਮ ਉਠਾਉਣ ਦੇ ਨਿਰਦੇਸ਼.
- ਪੰਜਾਬ ਨੇ ਮਈ 2026 ਦੌਰਾਨ ਜੀ.ਐਸ.ਟੀ ਸੰਗ੍ਰਹਿ ਵਿੱਚ 14.59 ਫੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ.

- ਮੌਸਮ ਵਿਭਾਗ ਵਲੋਂ 4 ਜੂਨ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿਚ ਕਈ ਥਾਵਾਂ ਤੇ ਹਲਕੀ ਬਾਰਿਸ਼ ਤੇ ਤੇਜ਼ ਹਵਾਵਾਂ ਚੱਲਣ ਦੀ ਪੇਸ਼ੀਨਗੋਈ ।

--------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਸ਼ਾਮੀ 7 ਵਜੇ ਨਮਸਕਾਰ** !